# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

**ਮਿਤੀ : 01-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਕਿਰਗਿਜ਼ਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ, ਸ਼ੰਘਾਈ ਸਹਿਯੋਗ ਸੰਗਠਨ, SCO ਸਿਖ਼ਰ ਸੰਮੇਲਨ ਨੂੰ ਸੰਬੋਧਨ ਕਰਨਗੇ।

- ਭਾਰਤ ਦੀ GDP, ਚਾਲੂ ਮਾਲੀ ਸਾਲ ਦੀ ਪਹਿਲੀ ਤਿਮਾਹੀ ਵਿੱਚ, 7.8 ਫੀਸਦੀ ਦੀ ਦਰ ਨਾਲ ਵਧੀ ਏ। ਅਮਰੀਕਾ ਨੇ ਭਾਰਤ ਨੂੰ ਇੱਕ ਗਤੀਸ਼ੀਲ, ਮਜ਼ਬੂਤ ਅਤੇ ਲਚਕੀਲੀ ਅਰਥਵਿਵਸਥਾ ਦੱਸਿਆ ਏ।

- ਭਾਰਤ ਨੇ ਸਿੰਧੂ ਜਲ ਸੰਧੀ ਬਾਰੇ ਵਿਸ਼ਵ ਬੈਂਕ ਵੱਲੋਂ ਨਿਯੁਕਤ ਸਾਲਸੀ ਅਦਾਲਤ ਦੇ ਫੈਸਲੇ ਨੂੰ ਪੂਰੀ ਤਰ੍ਹਾਂ ਰੱਦ ਕੀਤਾ ਏ।

- ਨੇਪਾਲ ਵਿੱਚ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ 939 ਹੋ ਗਈ ਏ. 3 ਹਜ਼ਾਰ 925 ਲੋਕ ਹਾਲਾਂ ਵੀ ਲਾਪਤਾ ਨੇ।

- ਅਰਜਨਟੀਨਾ ਦੇ ਫੁੱਟਬਾਲਰ ਲਿਓਨਲ ਮੇਸੀ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਸੰਨਿਆਸ ਲੈਣ ਦਾ ਐਲਾਨ ਕੀਤਾ ਏ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਕਿਰਗਿਜ਼ਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ 26ਵੇਂ ਸ਼ੰਘਾਈ ਸਹਿਯੋਗ ਸੰਗਠਨ, SCO ਸਿਖ਼ਰ ਸੰਮੇਲਨ ਨੂੰ ਸੰਬੋਧਨ ਕਰਨਗੇ। ਇਹ ਸੰਮੇਲਨ ਸ਼ੰਘਾਈ ਸਹਿਯੋਗ ਸੰਗਠਨ ਦੀ 25ਵੀਂ ਵਰ੍ਹੇਗੰਢ ਮੌਕੇ ਹੋ ਰਿਹਾ ਏ। SCO ਸਿਖ਼ਰ ਸੰਮਲੇਨ ਵਿੱਚ ਭਾਰਤ, ਚੀਨ ਅਤੇ ਰੂਸ ਸਮੇਤ ਦਸ ਹੋਰ ਮੈਂਬਰ ਦੇਸ਼ ਸ਼ਾਮਲ ਨੇ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਬਿਸ਼ਕੇਕ ਵਿੱਚ ਸ਼ੰਘਾਈ ਸਹਿਯੋਗ ਸੰਗਠਨ ਸੰਮੇਲਨ ਤੋਂ ਇਲਾਵਾ ਕਿਰਗਿਜ਼ਸਤਾਨ ਦੇ ਆਪਣੇ ਦੋ ਦਿਨਾਂ ਦੌਰੇ ਦੇ ਪਹਿਲੇ ਦਿਨ ਰੂਸ, ਈਰਾਨ, ਕਿਰਗਿਜ਼ ਗਣਰਾਜ ਅਤੇ ਅਰਮੇਨੀਆ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ। ਇਨ੍ਹਾਂ ਮੀਟਿੰਗਾਂ ਵਿੱਚ ਆਪਸੀ ਹਿੱਤ ਦੇ ਵੱਖ-ਵੱਖ ਪਹਿਲੂਆਂ ਅਤੇ ਮੁੱਦਿਆਂ 'ਤੇ ਚਰਚਾ ਹੋਈ।

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਸ਼ੰਘਾਈ ਸਹਿਯੋਗ ਸੰਗਠਨ ਦੇ ਹੋਰ ਨੇਤਾਵਾਂ ਦੇ ਨਾਲ, ਕੱਲ੍ਹ ਸ਼ਾਮ ਕਿਰਗਿਜ਼ਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ 6ਵੀਆਂ ਵਿਸ਼ਵ ਨੋਮੈਡ ਖੇਡਾਂ ਦੇ ਅਧਿਕਾਰਤ ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਏ। ਦੋ-ਸਾਲਾ ਬਾਅਦ ਹੋਣ ਵਾਲਾ ਇਹ ਸਮਾਗਮ ਖਾਨਾਬਦੋਸ਼ ਸੱਭਿਅਤਾਵਾਂ ਦੀਆਂ ਅਮੀਰ ਖੇਡ ਪਰੰਪਰਾਵਾਂ, ਸੱਭਿਆਚਾਰ ਅਤੇ ਵਿਰਾਸਤ ਦਾ ਜਸ਼ਨ ਮਨਾਉਂਦਾ ਏ। ਇਸ ਤੋਂ ਪਹਿਲਾਂ, ਸ਼ੰਘਾਈ ਸਹਿਯੋਗ ਸੰਗਠਨ ਸੰਮੇਲਨ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਰੂਸ, ਈਰਾਨ, ਕਿਰਗਿਜ਼ ਗਣਰਾਜ ਅਤੇ ਅਰਮੇਨੀਆ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ।

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਕਿਰਗਿਜ਼ਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ ਸ਼ੰਘਾਈ ਸਹਿਯੋਗ ਸੰਗਠਨ ਸੰਮੇਲਨ ਤੋਂ ਅਲੱਗ, ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਗੱਲਬਾਤ ਕੀਤੀ। ਇਹ ਚਰਚਾ ਦੁਵੱਲੇ ਸਹਿਯੋਗ ਦੇ ਮੁੱਖ ਖੇਤਰਾਂ: ਵਪਾਰ, ਨਿਵੇਸ਼, ਊਰਜਾ ਅਤੇ ਰੱਖਿਆ 'ਤੇ ਕੇਂਦ੍ਰਿਤ ਰਹੀ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਰੂਸ ਵਿਚਕਾਰ ਸਹਿਯੋਗ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਦੇ ਦੇਖਣਾ ਬਹੁਤ ਸੰਤੁਸ਼ਟੀ ਦੀ ਗੱਲ ਏ।

ਯੂਕਰੇਨ ਸੰਘਰਸ਼ ਬਾਰੇ, ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਸ਼ਾਂਤੀ ਲਈ ਕੀਤੇ ਜਾਣ ਵਾਲੇ ਸਾਰੇ ਯਤਨਾਂ ਦਾ ਸਮਰਥਨ ਕਰਦਾ ਏ ਅਤੇ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਯੁੱਧ ਵਿੱਚ ਬਿਤਾਇਆ ਹਰ ਦਿਨ ਮਨੁੱਖਤਾ ਨੂੰ ਪਿੱਛੇ ਧੱਕਦਾ ਏ, ਜਦੋਂ ਕਿ ਸ਼ਾਂਤੀ ਵੱਲ ਚੁੱਕਿਆ ਗਿਆ ਹਰ ਕਦਮ ਨਵੀਂ ਉਮੀਦ ਅਤੇ ਉਤਸ਼ਾਹ ਨਾਲ ਭਰ ਦਿੰਦਾ ਏ।

ਇਹ ਮੁਲਾਕਾਤ ਰਾਸ਼ਟਰਪਤੀ ਪੁਤਿਨ ਦੇ ਭਾਰਤ ਵਿੱਚ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਣ ਤੋਂ ਇੱਕ ਹਫ਼ਤਾ ਪਹਿਲਾਂ ਹੋਈ ਏ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਕੁਝ ਦਿਨਾਂ ਵਿੱਚ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਕਰੇਗਾ ਤੇ ਸਾਰੇ ਭਾਰਤੀ ਸ੍ਰੀ ਪੁਤਿਨ ਅਤੇ ਉਨ੍ਹਾਂ ਦੇ ਵਫ਼ਦ ਦਾ ਸਵਾਗਤ ਕਰਨ ਲਈ ਉਤਸੁਕ ਨੇ।

ਰਾਸ਼ਟਰਪਤੀ ਪੁਤਿਨ ਨੇ ਕਿਹਾ ਕਿ ਭਾਰਤ-ਰੂਸ ਸਬੰਧ, ਲਗਾਤਾਰ ਮਜ਼ਬੂਤ ਹੋ ਰਹੇ ਨੇ।

---

ਅਧਿਕਾਰਤ ਅੰਕੜਿਆਂ ਅਨੁਸਾਰ, ਭਾਰਤ ਦੇ ਕੁੱਲ ਘਰੇਲੂ ਉਤਪਾਦ (GDP) ਵਿੱਚ 7.8 ਫ਼ੀਸਦੀ ਦੀ ਵਾਧਾ ਦਰ ਦਰਜ ਕਰਨ ਤੋਂ ਬਾਅਦ, ਅਮਰੀਕਾ ਨੇ ਭਾਰਤ ਨੂੰ ਇੱਕ ਗਤੀਸ਼ੀਲ, ਮਜ਼ਬੂਤ ਅਤੇ ਲਚਕੀਲੀ ਅਰਥਵਿਵਸਥਾ ਦੱਸਿਆ ਏ। ਇੱਕ ਨਿਊਜ਼ ਏਜੰਸੀ ਨੂੰ ਦਿੱਤੇ ਇੰਟਰਵਿਊ ਵਿੱਚ, ਵ੍ਹਾਈਟ ਹਾਊਸ ਦੇ ਸੀਨੀਅਰ ਡਿਪਟੀ ਪ੍ਰੈਸ ਸਕੱਤਰ ਕੁਸ਼ ਦੇਸਾਈ

ਨੇ ਕਿਹਾ ਕਿ ਇਹ ਵਿਕਾਸ ਅੰਕੜੇ ਟਰੰਪ ਪ੍ਰਸ਼ਾਸਨ ਦੇ ਭਾਰਤ ਨੂੰ ਤੇਜ਼ੀ ਨਾਲ ਵਧ ਰਹੀ ਆਰਥਿਕ ਸ਼ਕਤੀ ਦੇ ਰੂਪ ਵਿੱਚ ਦੇਖਣ ਦੇ ਨਜ਼ਰੀਏ ਦੀ ਪੁਸ਼ਟੀ ਕਰਦੇ ਨੇ।

**BYTE: KUSH DESAI**

ਉਨ੍ਹਾਂ ਕਿਹਾ ਕਿ ਵਿਸ਼ਾਲ ਅਰਥਵਿਵਸਥਾ, ਅਮਰੀਕੀ ਕੰਪਨੀਆਂ ਅਤੇ ਨਿਵੇਸ਼ਕਾਂ ਲਈ ਵੱਡੇ ਮੌਕੇ ਪ੍ਰਦਾਨ ਕਰਦੀ ਏ। ਅਮਰੀਕੀ ਪ੍ਰਸ਼ਾਸਨ ਭਾਰਤ ਵਿੱਚ ਅਮਰੀਕੀ ਨਿਵੇਸ਼ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਅਮਰੀਕਾ ਵਿੱਚ ਵੀ ਭਾਰਤੀ ਨਿਵੇਸ਼ ਨੂੰ ਵਧਾਉਣਾ ਚਾਹੁੰਦਾ ਏ।

ਸ਼੍ਰੀ ਦੇਸਾਈ ਨੇ ਕਿਹਾ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਭਾਰਤ ਨਾਲ ਸਬੰਧਾਂ ਨੂੰ ਬਹੁਤ ਮਹੱਤਵ ਦਿੰਦੇ ਨੇ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਆਪਣੀ ਦੋਸਤੀ ਬਾਰੇ ਅਕਸਰ ਗੱਲ ਕਰਦੇ ਰਹੇ ਨੇ।

ਤਜਵੀਜ਼ਸ਼ੁਦਾ ਭਾਰਤ-ਅਮਰੀਕਾ ਵਪਾਰ ਸਮਝੌਤੇ ਬਾਰੇ, ਸ਼੍ਰੀ ਦੇਸਾਈ ਨੇ ਕਿਹਾ ਕਿ ਗੱਲਬਾਤ ਇੱਕ ਤਕਨੀਕੀ ਪੜਾਅ 'ਤੇ ਪਹੁੰਚ ਗਈ ਏ ਤੇ ਦੋਵੇਂ ਧਿਰਾਂ ਉਤਪਾਦ ਵਰਗੀਕਰਨ ਅਤੇ ਮਹਿਸੂਲ ਨਿਯਮਾਂ ਸਮੇਤ ਵੱਖ-ਵੱਖ ਵੇਰਵੇ ਤਿਆਰ ਕਰਨ ਲਈ ਕੰਮ ਕਰ ਰਹੀਆਂ ਨੇ।

ਸ਼੍ਰੀ ਦੇਸਾਈ ਨੇ ਕਿਹਾ ਕਿ ਅਮਰੀਕਾ ਇਸ ਸਮਝੌਤੇ ਪ੍ਰਤੀ ਆਸ਼ਾਵਾਦੀ ਏ ਅਤੇ ਭਾਰਤ ਨਾਲ ਆਰਥਿਕ ਅਤੇ ਰਾਜਨੀਤਿਕ ਭਾਈਵਾਲੀ ਨੂੰ ਮਜ਼ਬੂਤ ਕਰਨਾ ਚਾਹੁੰਦਾ ਏ।

---------------------------------------------------

ਭਾਰਤ ਨੇ ਸਿੰਧੂ ਜਲ ਸੰਧੀ 'ਤੇ ਵਿਸ਼ਵ ਬੈਂਕ ਵੱਲੋਂ ਨਿਯੁਕਤ ਸਾਲਸੀ ਅਦਾਲਤ ਦੇ ਫੈਸਲੇ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਏ। ਭਾਰਤ ਨੇ ਟ੍ਰਿਬਿਊਨਲ ਦੇ ਅਧਿਕਾਰ ਨੂੰ ਨਕਾਰਦਿਆਂ, ਇਸਦੇ ਫੈਸਲੇ ਨੂੰ ਕਾਨੂੰਨੀ ਤੌਰ 'ਤੇ ਨਾਜਾਇਜ਼ ਐਲਾਨਿਆ ਏ।

ਵਿਦੇਸ਼ ਮੰਤਰਾਲੇ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਭਾਰਤ ਨੇ ਕਦੇ ਵੀ ਸਾਲਸੀ ਪੈਨਲ ਨੂੰ ਮਾਨਤਾ ਨਹੀਂ ਦਿੱਤੀ ਤੇ ਇਸਦੀ ਕਾਰਵਾਈ ਵਿੱਚ ਹਿੱਸਾ ਨਹੀਂ ਲਿਆ। ਭਾਰਤ ਨੇ ਇਹ ਵੀ ਦੁਹਰਾਇਆ ਕਿ ਸਿੰਧੂ ਜਲ ਸੰਧੀ ਮੁਲਤਵੀ ਏ।

ਇਹ ਬਿਆਨ ਹੇਗ ਸਥਿਤ, ਆਰਬਿਟਰੇਸ਼ਨ ਅਦਾਲਤ ਦੇ ਉਸ ਫੈਸਲੇ ਤੋਂ ਬਾਅਦ ਆਇਆ ਏ ਕਿ, ਸੰਧੀ ਨੂੰ ਮੁਲਤਵੀ ਕਰਨ ਦੇ ਕਾਰਨ, ਇਸ ਨੂੰ ਮੁਲਤਵੀ ਜਾਂ ਖਤਮ ਕਰਨ ਨੂੰ, ਜਾਇਜ਼ ਨਹੀਂ ਠਹਿਰਾਉਂਦੇ। ਪੈਨਲ ਨੇ ਭਾਰਤ ਨੂੰ 1960 ਦੇ ਪਾਣੀ-ਵੰਡ ਸਮਝੌਤੇ ਤਹਿਤ ਆਪਣੀਆਂ ਜ਼ਿੰਮੇਵਾਰੀਆਂ ਦੀ ਪਾਲਣਾ ਜਾਰੀ ਰੱਖਣ ਲਈ ਕਿਹਾ।

ਹਾਲਾਂਕਿ, ਭਾਰਤ ਨੇ ਇਸ ਫੈਸਲੇ ਨੂੰ ਇਹ ਕਹਿੰਦਿਆਂ ਰੱਦ ਕਰ ਦਿੱਤਾ ਕਿ, ਸਾਲਸੀ ਪੈਨਲ ਖੁਦ ਸੰਧੀ ਦੀਆਂ ਸ਼ਰਤਾਂ ਦੀ ਉਲੰਘਣਾ ਕਰਕੇ ਸਥਾਪਿਤ ਕੀਤਾ ਗਿਆ ਸੀ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਪੈਨਲ ਦਾ ਸੰਧੀ ਜਾਂ ਇਸਦੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨਾਲ ਸਬੰਧਤ ਭਾਰਤ ਦੇ ਪ੍ਰਭੂਸੱਤਾ ਵਾਲੇ ਫੈਸਲਿਆਂ 'ਤੇ ਕੋਈ ਅਧਿਕਾਰ ਖੇਤਰ ਨਹੀਂ ਏ। ਭਾਰਤ ਨੇ ਪਿਛਲੇ ਸਾਲ ਅਪ੍ਰੈਲ ਵਿੱਚ ਪਹਿਲਗਾਮ ਦਹਿਸ਼ਤਗਰਦ ਹਮਲੇ ਤੋਂ ਬਾਅਦ

ਰਾਸ਼ਟਰੀ ਸੁਰੱਖਿਆ ਚਿੰਤਾਵਾਂ ਅਤੇ ਸਰਹੱਦ ਪਾਰੋਂ ਦਹਿਸ਼ਤਗਰਦੀ ਜਾਰੀ ਰਹਿਣ ਦਾ ਹਵਾਲਾ ਦਿੰਦੇ ਹੋਏ, ਸਿੰਧੂ ਜਲ ਸੰਧੀ ਨੂੰ ਮੁਲਤਵੀ ਕਰ ਦਿੱਤਾ ਸੀ।

----------------------------------------------------------

ਨੇਪਾਲ ਵਿੱਚ ਬਚਾਅ ਟੀਮਾਂ ਤ੍ਰਿਸ਼ੂਲੀ-3ਏ ਪਣਬਿਜਲੀ ਪ੍ਰੋਜੈਕਟ ਵਾਲੀ ਥਾਂ 'ਤੇ ਚਿੱਕੜ ਭਰੀਆਂ ਸੁਰੰਗਾਂ ਵਿੱਚ ਫਸੇ 600 ਤੋਂ ਵੱਧ ਮਜ਼ਦੂਰਾਂ ਤੱਕ ਪਹੁੰਚਣ ਲਈ ਸਖ਼ਤ ਕੋਸ਼ਿਸ਼ਾਂ ਕਰ ਰਹੀਆਂ ਨੇ। ਬਚਾਅ ਕਰਮਚਾਰੀ ਸੁਰੰਗਾਂ ਨੂੰ ਸਾਫ਼ ਕਰਨ ਅਤੇ ਬਚੇ ਲੋਕਾਂ ਦੀ ਭਾਲ ਲਈ ਵਿਸਫੋਟਕਾਂ, ਭਾਰੀ ਮਸ਼ੀਨਰੀ ਅਤੇ ਏਅਰ ਪੰਪਾਂ ਦੀ ਵਰਤੋਂ ਕਰ ਰਹੇ ਨੇ।

ਨੇਪਾਲ ਦੀ ਆਫ਼ਤ ਪ੍ਰਬੰਧਨ ਅਥਾਰਟੀ ਅਨੁਸਾਰ, ਹੁਣ ਤੱਕ 939 ਲੋਕਾਂ ਦੀ ਮੌਤ ਹੋ ਗਈ ਏ ਅਤੇ 3 ਹਜ਼ਾਰ 925 ਲਾਪਤਾ ਨੇ। ਇਨ੍ਹਾਂ ਲਾਪਤਾ ਲੋਕਾਂ ਵਿੱਚੋਂ 582 ਵਿਦੇਸ਼ੀ ਨਾਗਰਿਕ ਨੇ। ਹੁਣ ਤੱਕ, ਪਣ-ਬਿਜਲੀ ਪ੍ਰੋਜੈਕਟਾਂ ਤੋਂ 279 ਲੋਕਾਂ ਨੂੰ ਬਚਾਇਆ ਗਿਆ ਏ, ਜਦੋਂ ਕਿ ਦੇਸ਼ ਭਰ ਵਿੱਚ 11 ਹਜ਼ਾਰ ਤੋਂ ਵੱਧ ਲੋਕਾਂ ਨੂੰ ਬਚਾਇਆ ਗਿਆ ਏ।

ਭਾਰਤ, ਦੱਖਣੀ ਕੋਰੀਆ ਅਤੇ ਆਸਟ੍ਰੇਲੀਆ ਦੇ ਮਾਹਿਰਾਂ ਨਾਲ ਨੇਪਾਲੀ ਅਤੇ ਚੀਨੀ ਫੌਜੀ ਟੀਮਾਂ, ਬਚਾਅ ਕਾਰਜ ਵਿੱਚ ਸਹਾਇਤਾ ਕਰ ਰਹੀਆਂ ਨੇ।

ਭਾਰਤ ਨੇ ਬਚਾਅ ਕਾਰਜਾਂ ਅਤੇ ਪੀੜਤਾਂ ਦੀ ਪਛਾਣ ਵਿੱਚ ਸਹਾਇਤਾ ਲਈ, ਵਿਸ਼ੇਸ਼ ਟੀਮਾਂ ਭੇਜੀਆਂ ਨੇ। 19 ਮੈਂਬਰੀ ਭਾਰਤੀ ਫੋਰੈਂਸਿਕ ਟੀਮ ਨੇ ਕਾਠਮੰਡੂ ਵਿੱਚ ਕੰਮ ਸ਼ੁਰੂ ਕਰ ਦਿੱਤਾ ਏ ਅਤੇ ਲਾਸ਼ਾਂ ਦੀ ਪਛਾਣ ਕਰਨ ਲਈ, DNA ਟੈਸਟਿੰਗ ਵਿੱਚ ਸਹਾਇਤਾ ਕਰ ਰਹੀ ਏ।

-----------------------------------------------------------

ਉੱਤਰ ਪ੍ਰਦੇਸ਼ ਦੇ ਕੌਸ਼ਾਂਬੀ ਵਿੱਚ, ਇੱਕ ਪਟਾਕਾ ਫੈਕਟਰੀ ਵਿੱਚ ਹੋਏ ਜ਼ੋਰਦਾਰ ਧਮਾਕੇ ਵਿੱਚ ਲਗਭਗ 11 ਲੋਕਾਂ ਦੀ ਮੌਤ ਹੋ ਗਈ ਏ। ਮ੍ਰਿਤਕਾਂ ਵਿੱਚ ਦੋ ਬੱਚੇ ਵੀ ਸ਼ਾਮਲ ਨੇ। ਹਾਦਸੇ ਵਿੱਚ ਪੰਜ ਲੋਕ ਗੰਭੀਰ ਜ਼ਖਮੀ ਵੀ ਹੋਏ ਨੇ। ਦੱਸਿਆ ਜਾ ਰਿਹਾ ਏ ਕਿ ਪਟਾਕਿਆਂ ਦੀ ਫੈਕਟਰੀ, ਖੇਤੀਬਾੜੀ ਵਾਲੀ ਜ਼ਮੀਨ 'ਤੇ ਬਣੇ ਇੱਕ ਘਰ ਵਿੱਚ ਚੱਲ ਰਹੀ ਸੀ। ਧਮਾਕਾ ਇੰਨਾ ਜ਼ੋਰਦਾਰ ਸੀ ਕਿ, ਨੇੜਲੇ ਘੱਟੋ-ਘੱਟ ਪੰਜ ਮਕਾਨਾਂ ਨੂੰ ਨੁਕਸਾਨ ਪਹੁੰਚਿਆ ਅਤੇ ਕਈ ਮਕਾਨਾਂ ਦੀਆਂ ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ। ਕੌਸ਼ਾਂਬੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਅਮਿਤ ਪਾਲ ਨੇ ਕਿਹਾ ਕਿ ਇਹ ਘਟਨਾ, ਪਿਪਰੀ ਥਾਣਾ ਖੇਤਰ ਵਿੱਚ, ਮਨੂਰੀ ਪਾਵਰ ਹਾਊਸ ਨੇੜੇ ਵਾਪਰੀ। ਪਟਾਕਿਆਂ ਨੂੰ ਗੈਰ-ਕਾਨੂੰਨੀ ਢੰਗ ਨਾਲ ਰੱਖਣ ਅਤੇ ਬਣਾਉਣ ਲਈ, ਭਾਰਤੀ ਦੰਡ ਸੰਹਿਤਾ ਅਤੇ ਵਿਸਫੋਟਕ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ, 6 ਲੋਕਾਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਏ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਏ।

------------------------------------------------------------

ਰਾਸ਼ਟਰੀ ਜਾਂਚ ਏਜੰਸੀ (NIA) ਨੇ ਇਸ ਸਾਲ ਜਨਵਰੀ ਵਿੱਚ ਹਿਮਾਚਲ ਪ੍ਰਦੇਸ਼ ਦੇ ਨਾਲਾਗੜ੍ਹ ਪੁਲਿਸ ਸਟੇਸ਼ਨ ਵਿੱਚ ਹੋਏ ਧਮਾਕੇ ਦੇ ਸਬੰਧ ਵਿੱਚ ਤਿੰਨ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। NIA ਨੇ ਪਹਿਲਾਂ ਵੀ ਇਸ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਸੀ।

NIA ਨੇ ਕਿਹਾ ਕਿ ਇਹ ਗ੍ਰਿਫ਼ਤਾਰੀਆਂ ਦਹਿਸ਼ਤਗਰਦੀ ਹਮਲੇ ਪਿੱਛੇ ਵੱਡੀ ਸਾਜ਼ਿਸ਼ ਦਾ ਪਰਦਾਫਾਸ਼ ਕਰਨ, ਇਸ ਵਿੱਚ ਸ਼ਾਮਲ ਸਾਰੇ ਲੋਕਾਂ ਦੀ ਪਛਾਣ ਕਰਨ ਅਤੇ ਘਟਨਾ ਨਾਲ ਜੁੜੇ ਵਿਸ਼ਾਲ ਨੈੱਟਵਰਕ ਅਤੇ ਸਬੰਧਾਂ ਦਾ ਪਰਦਾਫਾਸ਼ ਕਰਨ ਲਈ ਚੱਲ ਰਹੀ ਜਾਂਚ ਦਾ ਹਿੱਸਾ ਨੇ।

------------------------------------------------------------

ਭਾਰਤੀ ਹਵਾਈ ਫੌਜ ਦੀ ਪੰਜ-ਰੋਜ਼ਾ ਅੰਤਰਰਾਸ਼ਟਰੀ ਸਕੁਐਸ਼ ਚੈਂਪੀਅਨਸ਼ਿਪ-2026 ਕੱਲ੍ਹ ਏਅਰ ਫੋਰਸ ਸਟੇਸ਼ਨ ਚੰਡੀਗੜ੍ਹ ਦੇ ਬੇਸ Repair ਡਿਪੂ ਵਿਖੇ ਸ਼ੁਰੂ ਹੋਈ। ਹਵਾਈ ਫੌਜ ਦੇ ਮੁਖੀ, ਏਅਰ ਚੀਫ਼ ਮਾਰਸ਼ਲ A.P. ਸਿੰਘ ਨੇ ਇਸਦਾ ਉਦਘਾਟਨ ਕੀਤਾ।

ਇਸ ਵਿੱਚ ਛੇ ਟੀਮਾਂ ਹਿੱਸਾ ਲੈ ਰਹੀਆਂ ਨੇ, ਜਿਨ੍ਹਾਂ ਵਿੱਚ ਬਰਤਾਨੀਆ ਅਤੇ ਸ੍ਰੀਲੰਕਾ ਦੀਆਂ ਦੋ ਅੰਤਰਰਾਸ਼ਟਰੀ ਟੀਮਾਂ ਦੇ ਨਾਲ-ਨਾਲ, ਸਾਬਕਾ ਖਿਡਾਰੀ ਵੀ ਸ਼ਾਮਲ ਨੇ।

---

ਉਘੇ ਫੁੱਟਬਾਲ ਖਿਡਾਰੀ ਲਿਓਨਲ ਮੇਸੀ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਹੈ। ਇਸ ਦੇ ਨਾਲ ਹੀ ਮੈਸੀ ਦਾ ਅਰਜਨਟੀਨਾ ਲਈ 20 ਸਾਲਾਂ ਦਾ ਕਰੀਅਰ ਖਤਮ ਹੋ ਗਿਆ। ਇਸ ਸਮੇਂ ਦੌਰਾਨ, ਉਨ੍ਹਾਂ ਨੇ ਅਰਜਨਟੀਨਾ ਨੂੰ ਵਿਸ਼ਵ ਕੱਪ ਅਤੇ ਦੋ ਕੋਪਾ ਅਮਰੀਕਾ ਖਿਤਾਬ ਜਿੱਤਣ ਵਿੱਚ ਮੁੱਖ ਭੂਮਿਕਾ ਨਿਭਾਈ। ਮੈਸੀ ਨੇ ਅਰਜਨਟੀਨਾ ਲਈ ਰਿਕਾਰਡ 207 ਮੈਚ ਖੇਡੇ। ਮੈਸੀ ਨੇ ਕਿਹਾ ਕਿ ਸਪੇਨ ਵਿਰੁੱਧ ਵਿਸ਼ਵ ਕੱਪ ਫਾਈਨਲ ਵਿੱਚ ਹਾਰ ਤੋਂ ਬਾਅਦ, ਇਹ ਫੈਸਲਾ ਉਸਦੇ ਦਿਮਾਗ ਵਿੱਚ ਸੀ। 39 ਸਾਲਾ ਮੈਸੀ ਨੇ ਆਪਣੇ ਅਧਿਕਾਰਤ ਇੰਸਟਾਗ੍ਰਾਮ ਅਕਾਊਂਟ 'ਤੇ ਇੱਕ ਬਿਆਨ ਜਾਰੀ ਕਰਕੇ, ਇਸ ਫੈਸਲੇ ਦੀ ਜਾਣਕਾਰੀ ਦਿੱਤੀ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਕਿਰਗਿਜ਼ਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ, ਸ਼ੰਘਾਈ ਸਹਿਯੋਗ ਸੰਗਠਨ, SCO ਸਿਖ਼ਰ ਸੰਮੇਲਨ ਨੂੰ ਸੰਬੋਧਨ ਕਰਨਗੇ।

- ਭਾਰਤ ਦੀ GDP, ਚਾਲੂ ਮਾਲੀ ਸਾਲ ਦੀ ਪਹਿਲੀ ਤਿਮਾਹੀ ਵਿੱਚ, 7.8 ਫੀਸਦੀ ਦੀ ਦਰ ਨਾਲ ਵਧੀ ਏ। ਅਮਰੀਕਾ ਨੇ ਭਾਰਤ ਨੂੰ ਇੱਕ ਗਤੀਸ਼ੀਲ, ਮਜ਼ਬੂਤ ਅਤੇ ਲਚਕੀਲੀ ਅਰਥਵਿਵਸਥਾ ਦੱਸਿਆ ਏ।

- ਭਾਰਤ ਨੇ ਸਿੰਧੂ ਜਲ ਸੰਧੀ ਬਾਰੇ ਵਿਸ਼ਵ ਬੈਂਕ ਵੱਲੋਂ ਨਿਯੁਕਤ ਸਾਲਸੀ ਅਦਾਲਤ ਦੇ ਫੈਸਲੇ ਨੂੰ ਪੂਰੀ ਤਰ੍ਹਾਂ ਰੱਦ ਕੀਤਾ ਏ।

- ਨੇਪਾਲ ਵਿੱਚ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ 939 ਹੋ ਗਈ ਏ. 3 ਹਜ਼ਾਰ 925 ਲੋਕ ਹਾਲਾਂ ਵੀ ਲਾਪਤਾ ਨੇ।

- ਅਰਜਨਟੀਨਾ ਦੇ ਫੁੱਟਬਾਲਰ ਲਿਓਨਲ ਮੇਸੀ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਸੰਨਿਆਸ ਲੈਣ ਦਾ ਐਲਾਨ ਕੀਤਾ ਏ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**